# ਦਫਤਰ ਜਿਲ੍ਹਾ ਮੈਜਿਸਟਰੇਟ, ਰੂਪਨਗਰ।

## (ਫੁਟਕਲ ਸ਼ਾਖਾ)

**ਹੁਕਮ:**

ਮੇਰੇ ਧਿਆਨ ਵਿਚ ਆਇਆ ਹੈ ਕਿ ਪ੍ਰਾਈਵੇਟ ਅਤੇ ਸਰਕਾਰੀ ਬੱਸ ਡਰਾਈਵਰਾਂ ਵੱਲੋ ਸਫਰ ਦੌਰਾਨ ਆਪਣੀਆਂ ਬੱਸਾਂ ਵਿਚ ਬਹੁਤ ਹੀ ਅਸ਼ਲੀਲ ਗਾਣੇ ਲਗਾਏ ਜਾਂਦੇ ਹਨ। ਕਈ ਵਾਰ ਅਜਿਹੀ ਸਥਿਤੀ ਪੈਦਾ ਹੋ ਜਾਂਦੀ ਹੈ ਕਿ ਕਿਸੇ ਵਿਅਕਤੀ ਵਿਸ਼ੇਸ ਵੱਲੋਂ ਅਜਿਹੇ ਅਸ਼ਲੀਲ ਗਾਣੇ ਲਗਾਉਣ ਤੇ ਮਨਾਹੀ ਕਰਨ ਤੇ ਬੱਸਾਂ ਦੇ ਡਰਾਈਵਰਾਂ/ਕੰਡਕਟਰਾਂ ਅਤੇ ਆਮ ਜਨਤਾ ਦੇ ਲੋਕਾਂ ਵਿਚ ਤਕਰਾਰ ਪੈਦਾ ਹੋ ਜਾਂਦਾ ਹੈ।ਅਜਿਹੇ ਤਕਰਾਰ ਆਦਿ ਹੋਣ ਨਾਲ ਜਿੱਥੇ ਆਮ ਜਨਤਾ ਨੂੰ ਸਫਰ ਦੌਰਾਨ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਦਾ ਹੈ, ਉਥੇ ਨਾਲ ਹੀ ਕਈ ਵਾਰ ਅਮਨ ਤੇ ਸ਼ਾਂਤੀ ਭੰਗ ਹੋਣ ਦਾ ਖਤਰਾ ਹੋ ਜਾਣ ਦੇ ਨਾਲ-ਨਾਲ ਜਾਨੀ ਤੇ ਮਾਲੀ ਨੁਕਸਾਨ ਹੋਣ ਦਾ ਡਰ ਹੈ। ਇਸ ਲਈ ਪ੍ਰਾਈਵੇਟ ਅਤੇ ਸਰਕਾਰੀ ਬੱਸਾਂ ਵਿਚ ਅਸ਼ਲੀਲ ਗਾਣੇ ਵਜਾਉਣ ਤੇ ਰੋਕ ਲਗਾਈ ਜਾਣੀ ਜਰੂਰੀ ਹੋ ਜਾਂਦੀ ਹੈ।

ਇਸ ਲਈ ਮੈ ਸੁਮੀਤ ਜਾਰੰਗਲ ,ਆਈ.ਏ.ਐਸ,ਜਿਲ੍ਹਾ ਮੈਜਿਸਟਰੇਟ,ਰੂਪਨਗਰ ਜਾਬਤਾ ਫੌਜਦਾਰੀ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲੇ ਰੂਪਨਗਰ ਦੀ ਹਦੂਦ ਅੰਦਰ ਕਿਸੇ ਵੀ ਪ੍ਰਾਈਵੇਟ ਅਤੇ ਸਰਕਾਰੀ ਬੱਸ ਵਿਚ ਸਫਰ ਦੌਰਾਨ ਅਸ਼ਲੀਲ ਗਾਣੇ ਵਜਾਉਣ ਤੇ ਪੂਰਨ ਪਾਬੰਦੀ ਲਗਾਉਂਦਾ ਹਾਂ।

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਆਮ ਪਬਲਿਕ ਦੇ ਨਾਮ ਇਕਤਰਫਾ ਪਾਸ ਕੀਤਾ ਜਾਂਦਾ ਹੈ।

ਇਹ ਹੁਕਮ **<u>ਮਿਤੀ 23-07-2018 ਤੋਂ 22-09-2018 ਤੱਕ</u>** ਲਾਗੂ ਰਹੇਗਾ।

ਇਹ ਹੁਕਮ ਸੀਨੀਅਰ ਪੁਲਿਸ ਕਪਤਾਨ,ਰੂਪਨਗਰ ਦੁਆਰਾ ਲਾਗੂ ਕਰਵਾਇਆ ਜਾਵੇਗਾ ਅਤੇ ਜੇਕਰ ਬੱਸ ਵਿਚ ਅਸ਼ਲੀਲ ਗਾਣੇ ਵਜਾਏ ਜਾਣ ਬਾਰੇ ਕਿਸੇ ਵਿਅਕਤੀ ਵੱਲੋ ਸ਼ਿਕਾਇਤ ਕੀਤੀ ਜਾਂਦੀ ਹੈ ਤਾਂ ਉਸ ਸਬੰਧੀ ਫੌਰਨ ਡੀ.ਡੀ.ਆਰ ਦਰਜ ਕਰਕੇ ਪੜ੍ਹਤਾਲ ਕੀਤੀ ਜਾਵੇ ਅਤੇ ਸਹੀ ਪਾਏ ਜਾਣ ਤੇ ਇਸ ਹੁਕਮ ਦੀ ਉਲੰਘਣਾ ਮੰਨਦੇ ਹੋਏ ਉਸ ਵਿਅਕਤੀ ਦੀ ਸ਼ਿਕਾਇਤ ਤੇ ਸਬੰਧਤ ਬੱਸ ਦੇ ਡਰਾਇਵਰ ਅਤੇ ਕੰਡਕਟਰ ਵਿਰੁੱਧ ਧਾਰਾ 188 ਆਈ.ਪੀ.ਸੀ ਅਧੀਨ ਕਾਰਵਾਈ ਕੀਤੀ ਜਾਵੇਗੀ। ਇਹ ਹੁਕਮ ਨੂੰ ਲਾਗੂ ਕਰਨ ਲਈ ਜ਼ਿਲਾ ਲੋਕ ਸੰਪਰਕ ਅਫਸਰ, ਰੂਪਨਗਰ ਦੀ ਵਹੀਕਲ ਰਾਹੀਂ ਅਤੇ ਸਥਾਨਕ ਅਖਬਾਰਾਂ ਦੁਆਰਾ ਵੀ ਪ੍ਰਚਾਰ ਕੀਤਾ ਜਾਵੇਗਾ ਪ੍ਰਚਾਰ ਕਰਨ ਉਪਰੰਤ ਪ੍ਰਚਾਰ ਦੌਰਾਨ ਹੋਈ ਸਾਰੀ ਕਾਰਵਾਈ ਦੀ ਲਿਖਤੀ ਸੂਚਨਾਂ ਇਸ ਦਫਤਰ ਨੂੰ ਭੇਜੀ ਜਾਵੇ। ਇਹ ਹੁਕਮ ਦੀਆਂ ਕਾਪੀਆਂ ਦਫਤਰ ਜਿਲਾ ਮੈਜਿਸਟਰੇਟ/ਉਪ ਮੰਡਲ ਮੈਜਿਸਟਰੇਟਸ/ਤਹਿਸੀਲਦਾਰਾਂ/ਬਲਾਕ ਵਿਕਾਸ ਅਤੇ ਪੰਚਾਇਤ ਅਫਸਰਾਂ/ਮਾਰਕੀਟ ਕਮੇਟੀਆਂ/ਪੁਲਿਸ ਸਟੇਸ਼ਨਾਂ /ਨਗਰ ਕੌਸਲਾਂ/ ਨਗਰ ਪੰਚਾਇਤਾਂ ਦੇ ਨੋਟਿਸ ਬੋਰਡਾਂ ਅਤੇ ਜਿਲਾ ਰੂਪਨਗਰ ਦੀ ਉਘੀਆਂ ਥਾਵਾਂ ਤੇ ਆਮ ਪਬਲਿਕ ਦੀ ਜਾਣਕਾਰੀ ਲਈ ਲਗਾਈਆਂ ਜਾਣ।

ਇਹ ਹੁਕਮ ਮਿਤੀ .................... ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਹੇਠ ਜਾਰੀ ਕੀਤਾ ਗਿਆ।

ਸਹੀ/-
ਜਿਲ੍ਹਾ ਮੈਜਿਸਟਰੇਟ,
ਰੂਪਨਗਰ।

ਪਿੱਠ ਅੰਕਣ ਨੰ: 17478-557 /ਫਸ-1 ਮਿਤੀ 20/07/18

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ,ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ,ਪੰਜਾਬ,ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ., ਰੂਪਨਗਰ ਰੇਂਜ, ਰੂਪਨਗਰ।
5. ਡੀ.ਆਈ.ਜੀ., ਸੀ.ਆਈ.ਡੀ., ਪੰਜਾਬ, ਚੰਡੀਗੜ੍ਹ।
6. ਸਮੂਹ ਜਿਲ੍ਹਾ ਮੈਜਿਸਟਰੇਟ, ਅਜੀਤਗੜ੍ਹ (ਮੋਹਾਲੀ), ਪਟਿਆਲਾ, ਫਤਿਹਗੜ੍ਹ ਸਾਹਿਬ, ਸੰਗਰੂਰ ਬਰਨਾਲਾ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਫਿਰੋਜਪੁਰ, ਮਾਨਸਾ, ਮੋਗਾ, ਲੁਧਿਆਣਾ,ਜਲੰਧਰ, ਕਪੂਰਥਲਾ, ਤਰਨਤਾਰਨ, ਅਮ੍ਰਿਤਸਰ, ਗੁਰਦਾਸਪੁਰ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ), ਫਾਜਿਲਕਾ, ਪਠਾਨਕੋਟ।
7. ਡਾਇਰੈਕਟਰ, ਆਲ ਇੰਡੀਆ ਰੇਡੀਓ, ਜਲੰਧਰ।
8. ਸੀਨੀਅਰ ਪੁਲਿਸ ਕਪਤਾਨ, ਰੂਪਨਗਰ (20 ਕਾਪੀਆਂ)
9. ਜਿਲ੍ਹਾ ਸੈਸ਼ਨ ਜੱਜ,ਰੂਪਨਗਰ।
10. ਉਪ ਮੰਡਲ ਮੈਜਿਸਟਰੇਟ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ਨੰਗਲ/ਮੋਰਿੰਡਾ ।
11. ਜਿਲਾ ਲੋਕ ਸੰਪਰਕ ਅਫਸਰ,ਰੂਪਨਗਰ (20 ਕਾਪੀਆਂ)
12. ਜਨਰਲ ਮੈਨੇਜਰ,ਪੰਜਾਬ ਰੋਡਵੇਜ਼,ਰੂਪਨਗਰ/ਨੰਗਲ
13. ਤਹਿਸੀਲਦਾਰ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ਨੰਗਲ/ ਮੋਰਿੰਡਾ।
14. ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਰੂਪਨਗਰ/ਸ੍ਰੀ ਆਨੰਦਪੁਰ ਸਾਹਿਬ/ਨੂਰਪੁਰ ਬੇਦੀ/ਸ੍ਰੀ ਚਮਕੌਰ ਸਾਹਿਬ/ ਮੋਰਿੰਡਾ।
15. ਕਾਰਜ ਸਾਧਕ ਅਫਸਰ, ਨਗਰ ਕੌਸ਼ਲ, ਰੂਪਨਗਰ/ਮੋਰਿੰਡਾ/ ਸ੍ਰੀ ਆਨੰਦਪੁਰ ਸਾਹਿਬ/ਨੰਗਲ
16. ਕਾਰਜ ਸਾਧਕ ਅਫਸਰ ਨਗਰ ਪੰਚਾਇਤ ਸ੍ਰੀ ਚਮਕੌਰ ਸਾਹਿਬ/ਕੀਰਤਪੁਰ ਸਾਹਿਬ
17. ਜਿਲਾ ਸੂਚਨਾ ਅਫਸਰ,ਰੂਪਨਗਰ।

17\. ਪੀ.ਏ. ਟੂ ਡੀ.ਐਮ.,/ਏ.ਡੀ.ਐਮ., ਰੂਪਨਗਰ।

ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸਹਾਇਕ ਕਮਿਸ਼ਨਰ(ਜ)
ਵਾ:ਜਿਲ੍ਹਾ ਮੈਜਿਸਟਰੇਟ
ਰੂਪਨਗਰ।